ਸੂਹੀ ਮਹਲਾ ੪ ॥ ਜਿਸ ਨੋ ਹਰਿ ਸੁਪ੍ਰਸੰਨੁ ਹੋਇ ਸੋ ਹਰਿ ਗੁਣਾ ਰਵੈ ਸੋ ਭਗਤੁ ਸੋ ਪਰਵਾਨੁ ॥ ਤਿਸ ਕੀ ਮਹਿਮਾ ਕਿਆ ਵਰਨੀਐ ਜਿਸ ਕੈ ਹਿਰਦੈ ਵਸਿਆ ਹਰਿ ਪੁਰਖੁ ਭਗਵਾਨੁ ॥ ੧॥ ਗੋਵਿੰਦ ਗੁਣ ਗਾਈਐ ਜੀਉ ਲਾਇ ਸਤਿਗੁਰੂ ਨਾਲਿ ਧਿਆਨੁ ॥੧॥ ਰਹਾਉ ॥ ਸੋ ਸਤਿਗੁਰੂ ਸਾ ਸੇਵਾ ਸਤਿਗੁਰ ਕੀ ਸਫਲ ਹੈ ਜਿਸ ਤੇ ਪਾਈਐ ਪਰਮ ਨਿਧਾਨੁ ॥ ਜੋ ਦੂਜੈ ਭਾਇ ਸਾਕਤ ਕਾਮਨਾ ਅਰਥਿ ਦੁਰਗੰਧ ਸਰੇਵਦੇ ਸੋ ਨਿਹਫਲ ਸਭੁ ਅਗਿਆਨੁ ॥੨॥ ਜਿਸ ਨੋ ਪਰਤੀਤਿ ਹੋਵੈ ਤਿਸ ਕਾ ਗਾਵਿਆ ਥਾਇ ਪਵੈ ਸੋ ਪਾਵੈ ਦਰਗਹ ਮਾਨੁ ॥ ਜੋ ਬਿਨੁ ਪਰਤੀਤੀ ਕਪਟੀ ਕੂੜੀ ਕੂੜੀ ਅਖੀ ਮੀਟਦੇ ਉਨ ਕਾ ਉਤਰਿ ਜਾਇਗਾ ਝੂਠੁ ਗੁਮਾਨੁ ॥੩॥ ਜੇਤਾ ਜੀਉ ਪਿੰਡੁ ਸਭੁ ਤੇਰਾ ਤੂੰ ਅੰਤਰਜਾਮੀ ਪੁਰਖੁ ਭਗਵਾਨੁ ॥ ਦਾਸਨਿ ਦਾਸੁ ਕਹੈ ਜਨੁ ਨਾਨਕੁ ਜੇਹਾ ਤੂੰ ਕਰਾਇਹਿ ਤੇਹਾ ਹਉ ਕਰੀ ਵਖਿਆਨੁ ॥੪॥੪॥੧੧॥ {ਪੰਨਾ 734}

ਪਦਅਰਥ:- ਜਿਸ ਨੋ, ਜਿਸ ਕੈ, ਤਿਸ ਕੀ, ਜਿਸ ਤੇ, ਤਿਸ ਕਾ—{ਲਫ਼ਜ਼ 'ਜਿਸੁ' 'ਤਿਸੁ' ਦਾ ੁ ਸੰਬੰਧਕ 'ਨੋ' 'ਕੈ', 'ਕੀ', 'ਕਾ' ਦੇ ਕਾਰਨ ਉੱਡ ਗਿਆ ਹੈ}। ਸੁਪ੍ਰਸੰਨੁ—ਚੰਗੀ ਤਰ੍ਹਾਂ ਖ਼ੁਸ਼। ਰਵੈ—ਚੇਤੇ ਕਰਦਾ ਹੈ। ਪਰਵਾਨੁ—ਕਬੂਲ। ਮਹਿਮਾ—ਵਡਿਆਈ। ਵਰਨੀਐ—ਬਿਆਨ ਕੀਤੀ ਜਾਏ। ਕੈ ਹਿਰਦੇ—ਦੇ ਹਿਰਦੇ ਵਿਚ।1।

ਗਾਈਐ—ਆਓ, ਗਾਵੀਏ। ਜੀਉ ਲਾਇ—ਚਿੱਤ ਜੋੜ ਕੇ।।1। ਰਹਾਉ।

ਸਫਲ—ਕਾਮਯਾਬ। ਤੇ—ਤੋਂ। ਨਿਧਾਨੁ—ਖ਼ਜ਼ਾਨਾ। ਦੂਜੈ ਭਾਇ—ਮਾਇਆ ਦੇ ਪਿਆਰ ਵਿਚ। ਕਾਮਨਾ ਅਰਥਿ—ਮਨ ਦੀਆਂ ਵਾਸਨਾਂ ਦੀ ਖ਼ਾਤਰ। ਦੁਰਗੰਧ—ਵਿਸ਼ੇ ਵਿਕਾਰ। ਅਗਿਆਨੁ—ਆਤਮਕ ਜੀਵਨ ਵਲੋਂ ਬੇ-ਸਮਝੀ।2।

ਪਰਤੀਤਿ—ਸਰਧਾ, ਨਿਸਚਾ। ਥਾਇ ਪਵੈ—ਪਰਵਾਨ ਹੁੰਦਾ ਹੈ। ਮਾਨੁ—ਆਦਰ। ਕਪਟੀ—ਫ਼ਰੇਬੀ। ਕੂੜੀ ਕੂੜੀ—ਝੂਠ-ਮੂਠ। ਗੁਮਾਨੁ—ਮਾਣ, ਅਹੰਕਾਰ।3।

ਜੀਉ—ਜਿੰਦ। ਪਿੰਡੁ—ਸਰੀਰ। ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ। ਦਾਸਨਿ ਦਾਸੁ—ਦਾਸਾਂ ਦਾ ਦਾਸ। ਵਖਿਆਨੁ—ਬਿਆਨ। ਕਰੀ—ਕਰੀਂ, ਮੈਂ ਕਰਦਾ ਹਾਂ।4।

ਅਰਥ:- ਹੇ ਭਾਈ! ਆਓ, ਚਿੱਤ ਜੋੜ ਕੇ, ਗੁਰੂ (ਦੀ ਬਾਣੀ) ਨਾਲ ਸੁਰਤਿ ਜੋੜ ਕੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਇਆ ਕਰੀਏ।1। ਰਹਾਉ।

ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਚੰਗੀ ਤਰ੍ਹਾਂ ਖ਼ੁਸ਼ ਹੁੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਹ ਮਨੁੱਖ (ਉਸ ਦੀਆਂ ਨਜ਼ਰਾਂ ਵਿਚ) ਭਗਤ ਹੈ (ਉਸ ਦੇ ਦਰ ਤੇ) ਕਬੂਲ ਹੈ। ਹੇ ਭਾਈ! ਜਿਸ ਮਨੁੱਖ ਦੇ ਹਿਰਦੇ ਵਿਚ ਭਗਵਾਨ ਪੁਰਖ ਆ ਵੱਸਦਾ ਹੈ, ਉਸ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ।1।

ਹੇ ਭਾਈ! ਉਹ ਗੁਰੂ (ਐਸਾ ਸਮਰਥ ਹੈ) ਕਿ ਉਸ ਪਾਸੋਂ ਸਭ ਤੋਂ ਉੱਚਾ ਖ਼ਜ਼ਾਨਾ ਮਿਲ ਜਾਂਦਾ ਹੈ, ਉਸ ਗੁਰੂ ਦੀ ਦੱਸੀ ਹੋਈ ਉਹ ਸੇਵਾ ਭੀ ਫਲ ਲਿਆਉਂਦੀ ਹੈ। ਜੇਹੜੇ ਮਾਇਆ-ਵੇੜ੍ਹੇ ਮਨੁੱਖ ਮਾਇਆ ਦੇ ਪਿਆਰ ਵਿਚ (ਫਸ ਕੇ) ਮਨ ਦੀਆਂ ਵਾਸਨਾਂ (ਪੂਰੀਆਂ ਕਰਨ) ਦੀ ਖ਼ਾਤਰ ਵਿਸ਼ੇ ਵਿਕਾਰਾਂ ਵਿਚ ਲੱਗੇ ਰਹਿੰਦੇ ਹਨ, ਉਹ ਜੀਵਨ ਵਿਅਰਥ ਗਵਾ ਲੈਂਦੇ ਹਨ, ਉਹਨਾਂ ਦਾ ਸਾਰਾ ਜੀਵਨ ਹੀ ਆਤਮਕ ਜੀਵਨ ਵਲੋਂ ਬੇ-ਸਮਝੀ ਹੈ।2।

ਹੇ ਭਾਈ! ਜਿਸ ਮਨੁੱਖ ਨੂੰ (ਗੁਰੂ ਉੱਤੇ) ਸਰਧਾ ਹੁੰਦੀ ਹੈ, ਉਸ ਦਾ ਹਰਿ-ਜਸ ਗਾਣਾ (ਹਰੀ ਦੀ ਹਜ਼ੂਰੀ ਵਿਚ) ਕਬੂਲ ਪੈਂਦਾ ਹੈ; ਉਹ ਮਨੁੱਖ ਪਰਮਾਤਮਾ ਦੀ ਦਰਗਾਹ ਵਿਚ ਆਦਰ ਪਾਂਦਾ ਹੈ। ਪਰ ਜੇਹੜੇ ਫ਼ਰੇਬੀ ਮਨੁੱਖ (ਗੁਰੂ ਉਤੇ) ਨਿਸਚਾ ਰੱਖਣ ਤੋਂ ਬਿਨਾ ਝੂਠ-ਮੂਠ ਹੀ ਅੱਖਾਂ ਮੀਟਦੇ ਹਨ (ਮਾਨੋ, ਸਮਾਧੀ ਲਾਈ ਬੈਠੇ ਹਨ) ਉਹਨਾਂ ਦਾ (ਆਪਣੀ ਉੱਚਤਾ ਬਾਰੇ) ਝੂਠਾ ਅਹੰਕਾਰ (ਆਖ਼ਰ) ਲਹਿ ਜਾਇਗਾ।3।

ਹੇ ਪ੍ਰਭੂ! ਜਿਤਨਾ ਭੀ (ਜੀਵਾਂ ਦਾ) ਜਿੰਦ-ਸਰੀਰ ਹੈ, ਇਹ ਸਭ ਤੇਰਾ ਦਿੱਤਾ ਹੋਇਆ ਹੈ, ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਸਰਬ-ਵਿਆਪਕ ਪ੍ਰਭੂ ਹੈਂ। ਹੇ ਪ੍ਰਭੂ! ਤੇਰੇ ਦਾਸਾਂ ਦਾ ਦਾਸ ਨਾਨਕ ਆਖਦਾ ਹੈ—(ਹੇ ਪ੍ਰਭੂ!) ਤੂੰ ਜੋ ਕੁਝ ਮੈਥੋਂ ਅਖਵਾਂਦਾ ਹੈਂ, ਮੈਂ ਉਹੀ ਕੁਝ ਆਖਦਾ ਹਾਂ।4। 4।11।